ਆਸਾ ਮਹਲਾ ੫ ॥ ਮਿਲੁ ਰਾਮ ਪਿਆਰੇ ਤੁਮ ਬਿਨੁ ਧੀਰਜੁ ਕੋ ਨ ਕਰੈ ॥ ੧॥ ਰਹਾਉ ॥ ਸਿੰਮ੍ਰਿਤਿ ਸਾਸਤ੍ਰ ਬਹੁ ਕਰਮ ਕਮਾਏ ਪ੍ਰਭ ਤੁਮਰੇ ਦਰਸ ਬਿਨੁ ਸੁਖੁ ਨਾਹੀ ॥੧॥ ਵਰਤ ਨੇਮ ਸੰਜਮ ਕਰਿ ਥਾਕੇ ਨਾਨਕ ਸਾਧ ਸਰਨਿ ਪ੍ਰਭ ਸੰਗਿਵਸੈ ॥੨॥੨॥੧੫੧॥ {ਪੰਨਾ 408}

ਪਦਅਰਥ:- ਰਾਮ—ਹੇ ਰਾਮ। ਧੀਰਜੁ—ਸ਼ਾਂਤੀ। ਕੋ—ਹੋਰ ਕੋਈ ਭੀ।1। ਰਹਾਉ।

ਪ੍ਰਭ—ਹੇ ਪ੍ਰਭੂ!।1।

ਸੰਜਮ—ਇੰਦ੍ਰਿਆਂ ਨੂੰ ਕਾਬੂ ਕਰਨ ਦੇ ਸਾਧਨ। ਕਰਿ—ਕਰ ਕੇ। ਸਾਧ—ਗੁਰੂ। ਸੰਗਿ—ਨਾਲ।2।

ਅਰਥ:- ਹੇ ਮੇਰੇ ਪਿਆਰੇ ਰਾਮ! (ਮੈਨੂੰ) ਮਿਲ। ਤੇਰੇ ਮਿਲਾਪ ਤੋਂ ਬਿਨਾ ਹੋਰ ਕੋਈ ਭੀ (ਉੱਦਮ) ਮੇਰੇ ਮਨ ਵਿਚ ਸ਼ਾਂਤੀ ਪੈਦਾ ਨਹੀਂ ਕਰ ਸਕਦਾ।1। ਰਹਾਉ।

ਹੇ ਪਿਆਰੇ ਰਾਮ! ਅਨੇਕਾਂ ਲੋਕਾਂ ਨੇ ਸ਼ਾਸਤ੍ਰਾਂ ਸਿਮ੍ਰਿਤੀਆਂ ਦੇ ਲਿਖੇ ਅਨੁਸਾਰ (ਮਿਥੇ ਹੋਏ ਧਾਰਮਿਕ) ਕੰਮ ਕੀਤੇ, ਪਰ, ਹੇ ਪ੍ਰਭੂ! (ਇਹਨਾਂ ਕਰਮਾਂ ਨਾਲ ਤੇਰਾ ਦਰਸਨ ਨਸੀਬ ਨਾਹ ਹੋਇਆ, ਤੇ) ਤੇਰੇ ਦਰਸਨ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲਦਾ।1।

ਹੇ ਪ੍ਰਭੂ! (ਸ਼ਾਸਤ੍ਰਾਂ ਦੇ ਕਹੇ ਅਨੁਸਾਰ) ਅਨੇਕਾਂ ਲੋਕ ਵਰਤ ਰੱਖਦੇ ਰਹੇ, ਕਈ ਨੇਮ ਨਿਬਾਹੁੰਦੇ ਰਹੇ, ਇੰਦ੍ਰਿਆਂ ਨੂੰ ਵੱਸ ਕਰਨ ਦੇ ਜਤਨ ਕਰਦੇ ਰਹੇ, ਪਰ ਇਹ ਸਭ ਕੁਝ ਕਰ ਕੇ ਥੱਕ ਗਏ (ਤੇਰਾ ਦਰਸਨ ਪ੍ਰਾਪਤ ਨਾਹ ਹੋਇਆ)।

ਹੇ ਨਾਨਕ! ਗੁਰੂ ਦੀ ਸਰਨ ਪਿਆਂ (ਮਨੁੱਖ ਦਾ ਮਨ) ਪਰਮਾਤਮਾ (ਦੇ ਚਰਨਾਂ) ਵਿਚ ਲੀਨ ਹੋ ਜਾਂਦਾ ਹੈ (ਤੇ ਮਨ ਨੂੰ ਸ਼ਾਂਤੀ ਪ੍ਰਾਪਤ ਹੋ ਜਾਂਦੀ ਹੈ)।2। 2। 151।